**ਪੰਜਾਬ ਐਜੂਸੈਟ ਸੁਸਾਇਟੀ**

ਈ.ਬਲਾਕ,ਟੈਕਸਟ ਬੁੱਕ ਸੈਲ, ਵਿੱਦਿਆ ਭਵਨ, ਪਹਿਲੀ ਮੰਜ਼ਿਲ

ਪੀ.ਐਸ.ਈ.ਬੀ ਕੈਂਪਸ, ਫੇਜ਼-8, ਸਾਹਿਬਜਾਦਾ ਅਜੀਤ ਸਿੰਘ ਨਗਰ

ਫੋਨ ਨੰ. 0172-5218801-16 ਈ-ਮੇਲ: (edusat.punjab@punjabeducation.gov.in)

ਵੱਲ (Through Website)

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿੱ/ਐ.ਸਿੱ),
ਪੰਜਾਬ।

ਮੀਮੋ:- ੨੫/੫੦/2018/PES/T.Sch/੩੫੧੬੬ ਮਿਤੀ:- ੦੧.08.2018.

**ਵਿਸ਼ਾ:- ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ ਤਹਿਤ ਐਜੂਸੈਟ ਤੋਂ ਮੀਟਿੰਗ ਲੈਣ ਸਬੰਧੀ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਰਾਜ ਦੇ ਸਮੂਹ ਪ੍ਰਾਇਮਰੀ ਸਕੂਲਾਂ ਅੰਦਰ ਪ੍ਰਾਇਮਰੀ ਸਿੱਖਿਆ ਵਿੱਚ ਗੁਣਾਤਮਿਕ ਸੁਧਾਰ ਵਜੋਂ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਚਲਾਇਆ ਜਾ ਰਿਹਾ ਹੈ। 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਨੂੰ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਲਾਗੂ ਕਰਨ, ਯੋਜਨਾਬੰਦੀ ਤਹਿਤ ਕੰਮ ਕਰਨ ਸਬੰਧੀ ਮਾਨਯੋਗ ਡਾਇਰੈਕਟਰ ਐਸ.ਸੀ.ਈ.ਆਰ.ਟੀ. ਜੀ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਜ਼ਿਲ੍ਹਾ ਕੋਆਰਡੀਨੇਟਰ ਅਤੇ ਸਮੂਹ ਸੀ.ਐਚ.ਟੀ. ਦੀ ਮਿਤੀ 10.8.2018 ਨੂੰ ਬਾਅਦ ਦੁਪਹਿਰ 1.30 ਤੋਂ 2.00 ਵਜੇ ਤੱਕ ਐਜੂਸੈਟ ਰਾਹੀਂ ਮੀਟਿੰਗ ਲੈਣਗੇ।

3.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਨਾਲ ਤਾਲਮੇਲ ਕਰਕੇ ਸੀਨੀਅਰ ਸੈਕੰਡਰੀ/ਹਾਈ ਸਕੂਲਾਂ ਵਿੱਚ ਚਾਲੂ ਹਾਲਤ ਵਿੱਚ ਆਰ.ਓ.ਟੀਜ਼ ਬਾਰੇ ਪੜਤਾਲ ਕਰਕੇ ਨੇੜੇ ਦੇ ਪ੍ਰਾਇਮਰੀ ਸਕੂਲਾਂ ਦੇ ਸੀ.ਐਚ.ਟੀ., ਸਮੂਹ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਜ਼ਿਲ੍ਹਾ ਕੋਆਰਡੀਨੇਟਰ, ਸਮੂਹ ਬੀ.ਪੀ.ਈ.ਓਜ਼, ਸਮੂਹ ਉਪ ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਐ.ਸਿੱ) ਦੀ ਹਾਜ਼ਰੀ ਇਹਨਾਂ ਸਕੂਲਾਂ ਵਿੱਚ ਯਕੀਨੀ ਬਣਾਉਣਗੇ। ਇਸ ਸਬੰਧ ਵਿੱਚ ਪੂਰਨ ਯੋਜਨਾਬੰਦੀ ਪਹਿਲਾਂ ਹੀ ਕਰ ਲਈ ਜਾਵੇ ਅਤੇ ਸਬੰਧਤ ਸਕੂਲ ਮੁੱਖੀਆਂ ਨਾਲ ਫੋਨ ਤੇ ਰਾਬਤਾ ਕਰਕੇ ਸਕੂਲਾਂ ਅੰਦਰ ਬੈਠਣ, ਜਨਰੇਟਰ ਆਦਿ ਦਾ ਪ੍ਰਬੰਧ ਵੀ ਦੇਖ ਲਿਆ ਜਾਵੇ ਜੀ। ਜਿਹੜੇ ਆਰ.ਓ.ਟੀਜ਼ ਵਾਲੇ ਸਕੂਲਾਂ ਵਿੱਚ ਇਹ ਪ੍ਰੋਗਰਾਮ ਦੇਖਿਆ ਜਾਣਾ ਹੈ, ਉਹਨਾਂ ਸਕੂਲਾਂ ਦੀ ਲਿਸਟ ਮਿਤੀ 10.8.2018 ਨੂੰ 11.00 ਵਜੇ ਤੱਕ edusat.punjab@punjabeducation.gov.in 'ਤੇ ਈ.ਮੇਲ ਰਾਹੀਂ ਮੁਹੱਈਆਂ ਕਰਵਾਈ ਜਾਵੇ।

4.0 ਸਮੂਹ ਸੀ.ਐਚ.ਟੀ., 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਜ਼ਿਲ੍ਹਾ ਕੋਆਰਡੀਨੇਟਰ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਆਪਣੇ ਨੇੜੇ ਦੇ ਸਕੂਲਾਂ ਵਿੱਚ ਬੈਠ ਕੇ ਇਸ ਮੀਟਿੰਗ ਨੂੰ ਅਟੈਂਡ ਕਰਨਗੇ।

5.0 ਐਜੂਸੈਟ ਤੋਂ ਹੋਣ ਵਾਲੀ ਇਸ ਮੀਟਿੰਗ ਦੀ ਹਾਜ਼ਰੀ ਰਿਪੋਰਟ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ) ਈ.ਮੇਲ ਰਾਹੀਂ ਮੁੱਖ ਦਫ਼ਤਰ ਨੂੰ ਭੇਜਣਗੇ।

6.0 ਹੁਕਮਾਂ ਦੀ ਇੰਨ੍ਹ-ਬਿਨ ਪਾਲਣਾ ਯਕੀਨੀ ਬਣਾਈ ਜਾਵੇ ਜੀ।

**ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ**
**ਪੰਜਾਬ ਐਜੂਸੈਟ ਸੁਸਾਇਟੀ**

ਪਿੱਠ ਅੰਕਣ ਨੰ. ਉਕਤ ਮਿਤੀ: ਉਕਤ

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ. ਟੂ ਮਾਨਯੋਗ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ. ਟੂ ਮਾਨਯੋਗ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡੀ.ਪੀ.ਆਈ (ਸੈ.ਸਿੱ), ਪੰਜਾਬ।
4. ਡੀ.ਐੱਮ. (ਐਮ.ਆਈ.ਐਸ.) ਨੂੰ ਪੱਤਰ ਦੀ ਕਾਪੀ ਨੋਟਿਸ ਬੋਰਡ ਅਤੇ ਵੈੱਬਸਾਈਟ ਤੇ ਪਾਉਣ ਹਿੱਤ।

**ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ**
**ਪੰਜਾਬ ਐਜੂਸੈਟ ਸੁਸਾਇਟੀ**